ਸਕੱਤਰੇਤ

# ਸ੍ਰੀ ਅਕਾਲ ਤਖ਼ਤ ਸਾਹਿਬ

ਸ੍ਰੀ ਅੰਮ੍ਰਿਤਸਰ ਸਾਹਿਬ

Secretariat

**Sri Akal Takhat Sahib, Sri Amritsar Sahib**

ਨੰਬਰ ਅ:੩/੨੬/੨੨੫ ਮਿਤੀ ੦੭/੦੭/੨੦੨੬

ਬ੍ਰਿਟਿਸ਼ ਕੋਲੰਬੀਆ ਗੁਰਦੁਆਰਾ ਕੌਂਸਲ,
ਓਂਟਾਰੀਓ ਗੁਰਦੁਆਰਾ ਕਮੇਟੀ,
ਕਿਊਬੈਕ ਸਿੱਖ ਕੌਂਸਲ,
ਕਨੇਡਾ।

**ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥**

ਗੁਰੂ ਸਵਾਰੇ ਜੀਓ,

ਆਪ ਜੀ ਵੱਲੋਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ, ੮੧੧੫-੧੩੨ ਸਟਰੀਟ ਸਰੀ, ਬੀ.ਸੀ, ਕਨੇਡਾ ਵਿਖੇ ਸਮੁੰਦਰੀ ਜਹਾਜ਼ ਰਾਹੀਂ ਭੇਜੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਮਰਯਾਦਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੋਂ ਸਾਲ ੨੦੧੪ ਵਿਚ ਜਾਰੀ ਕੀਤੇ ਗਏ ਪੱਤਰ ਸਬੰਧੀ ਪੱਤ੍ਰਿਕਾ ਪੁੱਜੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਉਕਤ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਪਾਸੋਂ ਇਸ ਮਾਮਲੇ ਦੀ ਮੁਕੰਮਲ ਰਿਪੋਰਟ ਪ੍ਰਾਪਤ ਕੀਤੀ ਗਈ ਹੈ। ਜਿਸ ਵਿਚ ਇਹ ਸਾਹਮਣੇ ਆਇਆ ਹੈ ਕਿ ਪਾਵਨ ਸਰੂਪ ਪੂਰਨ ਮਰਯਾਦਾ ਅਨੁਸਾਰ ਭੇਜੇ ਗਏ ਹਨ ਅਤੇ ਪ੍ਰਬੰਧਕਾਂ ਵੱਲੋਂ ਵੀ ਗੁਰਦੁਆਰਾ ਸਾਹਿਬ ਵਿਖੇ ਪਾਵਨ ਸਰੂਪ ਸਤਿਕਾਰ ਸਹਿਤ ਸੁਭਾਇਮਾਨ ਕਰਵਾ ਲਏ ਗਏ ਹਨ। ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਹੋਏ ਆਦੇਸ਼ ਅਨੁਸਾਰ ਲਿਖਿਆ ਜਾਂਦਾ ਹੈ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ੨੦੧੪ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਕਨੇਡਾ ਭੇਜਣ ਸਮੇਂ ਮਰਯਾਦਾ ਸਬੰਧੀ ਲੋੜੀਂਦੇ ਪ੍ਰਬੰਧ ਨਾ ਹੋਣ ਕਰਕੇ ਸੰਗਤਾਂ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੋਂ ਦਿੱਲੀ ਦੀਆਂ ਸੰਗਤਾਂ ਅਤੇ ਸਿੱਖ ਜਥੇਬੰਦੀਆਂ ਨੂੰ ਉਸ ਸਮੇਂ ਪ੍ਰਾਪਤ ਕੀਤੇ ਪਾਵਨ ਸਰੂਪ ਵਾਪਸ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਵਿਖੇ ਸੁਸ਼ੋਭਿਤ ਕਰਨ ਲਈ ਮਿਤੀ ੨੬-੦੪-੨੦੧੪ ਨੂੰ ਪੱਤ੍ਰਿਕਾ ਜਾਰੀ ਕੀਤੀ ਗਈ ਸੀ, ਜਿਸ ਦਾ ਸਬੰਧ ਕੇਵਲ ਉਸ ਸਮੇਂ ਦੇ ਮਾਮਲੇ ਨਾਲ ਹੀ ਸੀ।

ਵਿਦੇਸ਼ਾਂ ਤੋਂ ਪਾਵਨ ਸਰੂਪ ਲੈਣ ਦੀ ਪੁੱਜੀ ਮੰਗ ਪੁਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਵਿਚ ਹੋਈ ਪ੍ਰਵਾਨਗੀ ਉਪਰੰਤ ਹੀ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਮਿਤੀ ੧੯ ਸਤੰਬਰ ੨੦੦੯ ਵਿਚ ਪ੍ਰਵਾਨ ਹੋਏ ਮਤਾ ਨੰਬਰ ੦੨ ਦੀ ਰੋਸ਼ਨੀ ਵਿਚ ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵਿਦੇਸ਼ ਭੇਜੇ ਜਾਂਦੇ ਹਨ। ਇਸ ਮਾਮਲੇ ਵਿਚ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਐਸੋਸੀਏਸ਼ਨ, ੮੧੧੫-੧੩੨ ਸਟਰੀਟ ਸਰੀ, ਬੀ.ਸੀ, ਕਨੇਡਾ ਵੱਲੋਂ ਪੁੱਜੀ ਮੰਗ ਪੁਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ ੨੮-੦੭-੨੦੨੫ ਵਿਚ ਮਤਾ ਨੰਬਰ ੭੯੮ ਰਾਹੀਂ ਹੋਈ ਪ੍ਰਵਾਨਗੀ ਉਪਰੰਤ ਹੀ ਪਾਵਨ ਸਰੂਪ ਸਤਿਕਾਰ ਤੇ ਮਰਯਾਦਾ ਸਹਿਤ ਉਕਤ ਗੁਰਦੁਆਰਾ ਸਾਹਿਬ ਵਿਖੇ ਭੇਜੇ ਗਏ ਹਨ। ਫਿਰ ਵੀ ਜੇਕਰ ਆਪ ਦੇ ਕੋਈ ਸੁਝਾਅ ਅਤੇ ਵਿਚਾਰ ਹਨ ਤਾਂ ਆਪ ਭੇਜ ਸਕਦੇ ਹੋ। ਇਸ ਮਾਮਲੇ ਵਿਚ ਸੰਗਤ ਵਿਚਕਾਰ ਕਿਸੇ ਕਿਸਮ ਦੀ ਦੁਬਿਧਾ ਪੈਦਾ ਕਰਨ ਤੋਂ ਪੂਰੀ ਤਰ੍ਹਾਂ ਗੁਰੇਜ਼ ਕੀਤਾ ਜਾਵੇ।

ਧੰਨਵਾਦ ਸਹਿਤ

ਸ਼ੁਭਚਿੰਤਕ,

(ਬਗੀਚਾ ਸਿੰਘ)
ਇੰਚਾਰਜ,
ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

ਉਤਾਰਾ:- ਸਮੂਹ ਸੰਗਤ ਕਨੇਡਾ ਪਾਸ ਜਾਣਕਾਰੀ ਹਿੱਤ।

Phone/Fax : 0183-2540820 | E-Mail : info@sriakaltakhatsahibji.net